# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 22-03-2025**

- ਅੱਜ 'ਵਿਸ਼ਵ ਪਾਣੀ ਦਿਵਸ' ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਪਾਣੀ ਸਭਿਅਤਾਵਾਂ ਦੀ ਜੀਵਨ ਰੇਖਾ ਰਿਹਾ ਏ
- ਕੇਂਦਰੀ ਜਲ ਸ਼ਕਤੀ ਮੰਤਰੀ ਸੀ. ਆਰ. ਪਾਟਿਲ ਨੇ ਹਰਿਆਣਾ ਵਿਚ ਦੇਸ਼ ਵਿਆਪੀ ਜਲ ਸ਼ਕਤੀ ਅਭਿਆਨਃ ਕੈਚ ਦ ਰੇਨ-2025 ਦੀ ਸ਼ੁਰੂਆਤ ਕੀਤੀ ।

•□ਪਟਿਆਲਾ ਵਿਚ ਫੌਜੀ ਅਧਿਕਾਰੀ ਨਾਲ ਬਦਸਲੂਕੀ ਦਾ ਮਾਮਲਾ ਵਿਧਾਨ ਸਭ ਵਿਚ ਵੀ ਗੂੰਜਿਆ :-□ਸਰਕਾਰ ਵਲੋਂ ADGP□ ਰੈਂਕ ਅਧਿਕਾਰੀ ਦੀ ਅਗਵਾਈ ਵਿਚ ਇੱਕ ਵਿਸ਼ੇਸ਼ ਜਾਂਚ ਟੀਮ ਗਠਿਤ

•□ਭਾਰਤੀ ਪੁਲਾੜ ਖੋਜ ਸੰਗਠਨ ਸਾਲ□–2040□ਤੱਕ□ ਭਾਰਤੀ□ ਨੂੰ ਚੰਦਰਮਾ ਤੇ ਭੇਜੇਗਾ ਅਤੇ 2035 □□ਤੱਕ ਆਪਣਾ ਪੁਲਾੜ ਸਟੇਸ਼ਨ ਸਥਾਪਤ ਕਰੇਗਾ

-----------------------------------------------------------------------

ਅੱਜ ਵਿਸ਼ਵ ਜਲ ਦਿਵਸ ਏ। ਇਹ ਦਿਨ ਤਾਜ਼ੇ ਪਾਣੀ ਦੇ ਮਹੱਤਵ ਅਤੇ ਜਲ ਸਰੋਤਾਂ ਦੇ ਸਹੀ ਪ੍ਰਬੰਧਨ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਮਨਾਇਆ ਜਾਂਦਾ ਏ। ਇਸ ਪ੍ਰੋਗਰਾਮ ਦਾ ਉਦੇਸ਼ ਵਿਸ਼ਵ ਭਰ ਵਿੱਚ ਪਾਣੀ ਦੇ ਸੰਕਟ ਨਾਲ ਨਜਿੱਠਣ ਲਈ ਜਾਗਰੂਕਤਾ ਵਧਾਉਣਾ ਅਤੇ ਕਾਰਵਾਈ ਨੂੰ ਪ੍ਰੇਰਿਤ ਕਰਨਾ ਏ। ਇਸ ਦਾ ਉਦੇਸ਼ 2030 ਤੱਕ ਸਾਰਿਆਂ ਲਈ ਪਾਣੀ ਅਤੇ ਸਵੱਛਤਾ ਨੂੰ ਯਕੀਨੀ ਬਣਾਉਣਾ ਏ। ਇਸ ਸਾਲ ਦਾ ਵਿਸ਼ਾ 'ਗਲੇਸ਼ੀਅਰ ਦੀ ਸੰਭਾਲ' ਰੱਖਿਆ ਗਿਆ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵਿਸ਼ਵ ਜਲ ਦਿਵਸ 'ਤੇ ਪਾਣੀ ਦੀ ਸੰਭਾਲ ਅਤੇ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਦੇਸ਼ ਦੀ ਪ੍ਰਤੀਬੱਧਤਾ ਨੂੰ ਦੁਹਰਾਇਆ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਨੇ ਜਲ ਸੰਭਾਲ਼ ਦੇ ਮਹੱਤਵ ਨੂੰ ਉਜਾਗਰ ਕਰਦੇ ਹੋਏ ਇੱਕ ਵੀਡੀਓ ਸਾਂਝਾ ਕੀਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪਾਣੀ ਸਭਿਅਤਾਵਾਂ ਦੀ ਜੀਵਨ ਰੇਖਾ ਰਿਹਾ ਹੈ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਇਸ ਨੂੰ ਸੁਰੱਖਿਅਤ ਰੱਖਣ ਦੀ ਬਹੁਤ ਜ਼ਰੂਰਤ ਏ।BYTE:

---

ਕੇਂਦਰੀ ਜਲ ਸ਼ਕਤੀ ਮੰਤਰੀ ਸੀ. ਆਰ. ਪਾਟਿਲ ਨੇ ਕਿਹਾ ਏ ਕਿ ਜਲ ਸੰਕਟ ਵਿਸ਼ਵ-ਵਿਆਪੀ ਚਿੰਤਾ ਦਾ ਵਿਸ਼ਾ ਬਣ ਗਿਆ ਏ ਪਰ ਭਾਰਤ ਨੇ

ਇਸ ਚੁਣੌਤੀ ਨੂੰ ਇੱਕ ਅਵਸਰ ਵਿੱਚ ਬਦਲ ਦਿੱਤਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਪਾਟਿਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ, ਭਾਰਤ ਨੇ ਜਲ ਸੰਭਾਲ਼ ਨੂੰ ਨਾ ਸਿਰਫ ਇੱਕ ਨੀਤੀਗਤ ਮੁੱਦਾ ਬਣਾਇਆ ਏ, ਬਲਕਿ ਇੱਕ ਜਨ ਅੰਦੋਲਨ ਦਾ ਰੂਪ ਵੀ ਦਿੱਤਾ ਏ । ਉਨ੍ਹਾਂ ਕਿਹਾ ਕਿ ਜਲ ਜੀਵਨ ਮਿਸ਼ਨ ਨੇ ਕਰੋੜਾਂ ਘਰਾਂ ਨੂੰ ਟੂਟੀ ਦਾ ਪਾਣੀ ਮੁਹੱਈਆ ਕਰਵਾਇਆ ਏ । ਕੇਂਦਰੀ ਜਲ ਸ਼ਕਤੀ ਮੰਤਰੀ ਸੀ. ਆਰ. ਪਾਟਿਲ ਨੇ ਹਰਿਆਣਾ ਦੇ ਪੰਚਕੂਲਾ ਤੋਂ ਦੇਸ਼ ਵਿਆਪੀ ਜਲ ਸ਼ਕਤੀ ਅਭਿਆਨঃ ਕੈਚ ਦ ਰੇਨ-2025 ਦੀ ਸ਼ੁਰੂਆਤ ਕੀਤੀ । ਇਸ ਮੌਕੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ, ਹਰਿਆਣਾ ਦੇ ਸਿੰਚਾਈ ਅਤੇ ਜਲ ਸਰੋਤ ਮੰਤਰੀ ਸ਼ਰੂਤੀ ਚੌਧਰੀ ਅਤੇ ਹੋਰ ਪਤਵੰਤੇ ਵੀ ਮੌਜੂਦ ਰਹੇ। ਸ਼੍ਰੀਮਤੀ ਚੌਧਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਿੱਚ ਜਲ ਸੰਭਾਲ਼ ਦੀ ਦਿਸ਼ਾ ਵਿੱਚ ਤੇਜ਼ੀ ਨਾਲ ਕੰਮ ਕੀਤਾ ਜਾ ਰਿਹਾ ਏ।**BYTE:** ਇਹ ਮੁਹਿੰਮ ਜਲ ਸ਼ਕਤੀ ਮੰਤਰਾਲੇ, ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਅਤੇ ਹਰਿਆਣਾ ਸਰਕਾਰ ਦੇ ਸਹਿਯੋਗ ਨਾਲ ਸ਼ੁਰੂ ਕੀਤੀ ਗਈ ਏ।

---

ਪੰਜਾਬ ਵਿਚ ਜ਼ਮੀਨ ਹੇਠਲੇ ਪਾਣੀ ਦਾ ਪੱਧਰ ਲਗਾਤਾਰ ਹੇਠਾਂ ਡਿੱਗ ਰਿਹਾ ਏ । ਜਲੰਧਰ ਸਮੇਤ ਸੂਬੇ ਦੇ ਕਈ ਜ਼ਿਲਿਆਂ ਨੂੰ 'ਡਾਰਕ ਜ਼ੋਨ' ਵਿਚ ਰੱਖਿਆ ਗਿਆ ਏ । ਜ਼ਮੀਨ ਹੇਠਲੇ ਪਾਣੀ ਦੇ ਪੱਧਰ ਨੂੰ ਬੇਹਤਰ ਬਣਾਉਣ ਅਤੇ ਰਿਚਾਰਜ ਕਰਨ ਲਈ ਮੀਂਹ ਦੇ ਪਾਣੀ ਦੀ ਸੰਭਾਲ ਕਰਨ ਵਾਸਤੇ ਤਕਨੀਕ ਆਪਣੀ ਜਾ ਰਹੀ ਏ । ਪੰਜਾਬ ਦੇ ਭੂਮੀ ਅਤੇ ਜਲ ਸੰਭਾਲ ਵਿਭਾਗ ਦੇ ਉਪ ਮੰਡਲ ਭੂਮੀ ਰੱਖਿਆ ਅਫਸਰ ਲੂਪਿੰਦਰ ਕੁਮਾਰ ਨੇ ਪੰਜਾਬ ਵਿਚ ਪਾਣੀ ਦੇ ਪੱਧਰ ਦੀ ਸਥਿਤੀ ਬਾਰੇ ਜਾਣਕਾਰੀ ਦੀਦਿਆਂ ਦਸਿਆ । BYTE

--------------------------------------------------------------------------

ਓਧਰ ਕਪੂਰਥਲਾ ਸਥਿਤ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਵਲੋਂ ਵਿਸ਼ਵ ਜਲ ਦਿਵਸ ਮਨਾਇਆ ਗਿਆ ਇਸ ਪ੍ਰੋਗਰਾਮ ਵਿਚ ਸਥਾਈ ਜੀਵਨ ਅਤੇ ਜਲ ਚੱਕਰ ਨੂੰ ਬਣਾਈ ਰੱਖਣ ‘ਚ ਗਲੇਸ਼ੀਅਰ ਦੀ ਅਹਿਮ ਭੂਮਿਕਾ ‘ਤੇ ਚਾਨਣਾ ਪਾਇਆ ਗਿਆ । ਇਸ ਪ੍ਰੋਗਰਾਮ ਦਾ ਉਦੇਸ਼ ਪਿਘਲਦੇ ਗਲੇਸ਼ੀਅਰ ਤੇ ਜਲਵਾਯੂ ਪਰਿਵਰਤਨ ਦੇ ਖਤਰਨਾਕ ਪ੍ਰਭਾਵਾਂ ਨੂੰ ਤੁਰੰਤ ਰੋਕਣ ਲਈ ਕਾਰਵਾਈ ਕਰਨ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ। ਇਸ ਮੌਕੇ 100 ਦੇ ਕਰੀਬ ਵਿਦਿਆਰਥੀਆਂ ਤੇ ਅਧਿਅਪਕਾਂ ਨੇ ਹਿੱਸਾ ਲਿਆ ਅਤੇ ਬੱਚਿਆਂ ਦੇ ਨੁਕੱੜ ਨਾਟਕ ਤੇ ਕੈਪਸ਼ਨ ਲਿਖਣ ਦੇ ਮੁਕਾਬਲੇ ਵੀ ਕਰਵਾਏ ਗਏ ।

---------------------------------------------------------------------------------
ਪਟਿਆਲਾ ਵਿੱਚ ਬੀਤੇ ਦਿਨੀ ਇੱਕ ਫੌਜੀ ਅਧਿਕਾਰੀ ਅਤੇ ਉਨ੍ਹਾਂ ਦੇ ਨੌਜਵਾਨ ਪੁੱਤਰ 'ਤੇ 12 ਪੁਲਿਸ ਮੁਲਾਜ਼ਮਾਂ ਵੱਲੋਂ ਕੀਤੇ ਗਏ ਕਥਿਤ ਬੇਰਹਿਮੀ ਭਰੇ ਹਮਲੇ ਦਾ ਮਾਮਲਾ ਕੱਲ੍ਹ ਤੋਂ ਸ਼ੁਰੂ ਹੋਏ ਪੰਜਾਬ ਦੇ ਬਜਟ ਇਜਲਾਸ ਵਿੱਚ ਵੀ ਗੂੰਜਿਆ । ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ, ਬਜਟ ਇਜਲਾਸ ਦੌਰਾਨ ਇਹ ਮੁੱਦਾ ਉਠਾਇਆ ਅਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਕਿਸੇ ਮੌਜੂਦਾ ਜਾਂ ਸੇਵਾਮੁਕਤ ਜੱਜ ਤੋਂ ਸਮਾਂਬੱਧ ਜਾਂਚ ਦੀ ਮੰਗ ਕੀਤੀ। BJP ਦੀ ਸੀਨੀਅਰ ਨੇਤਾ ਪਰਨੀਤ ਕੌਰ ਨੇ ਨਿਰਪੱਖ ਜਾਂਚ ਲਈ ਇਕ ਜੱਜ ਦੀ ਅਗਵਾਈ ਵਿੱਚ ਫੌਜ ਅਤੇ ਪੁਲਿਸ ਅਧਿਕਾਰੀਆਂ ਦੀ ਸਾਂਝੀ ਵਿਸ਼ੇਸ਼ ਜਾਂਚ ਟੀਮ- SIT ਦੀ ਮੰਗ ਵੀ ਕੀਤੀ ਏ । BYTE: ਉਨ੍ਹਾਂ ਨੇ ਅੱਜ ਪਟਿਆਲਾ ਦੇ ਐਸ.ਐਸ.ਪੀ ਨੂੰ ਇੱਕ ਮੰਗ ਪੱਤਰ ਵੀ ਸੌਂਪਿਆ ਏ ਅਤੇ ਕਰਨਲ ਲਈ ਇਨਸਾਫ਼ ਦੀ ਮੰਗ ਕਰਦੇ ਹੋਏ ਪਟਿਆਲਾ ਵਿੱਚ ਸਾਬਕਾ ਫੌਜੀਆਂ ਨਾਲ ਡਿਪਟੀ ਕਮਿਸ਼ਨਰ ਦਫ਼ਤਰ ਦੇ ਬਾਹਰ ਧਰਨਾ ਦਿੱਤਾ । ਇਸ ਦੌਰਾਨ ਪਟਿਆਲਾ ਦੇ ਪੁਲਿਸ ਮੁਖੀ ਨਾਨਕ ਸਿੰਘ ਨੇ ਦੱਸਿਆ ਕਿ ਪੰਜਾਬ ਪੁਲਿਸ ਦੇ ਵਧੀਕ ਮਹਾਂਨਿਰਦੇਸ਼ਿਕ SPS ਪਰਮਾਰ ਦੀ ਅਗਵਾਈ ਵਿਚ ਇੱਕ ਵਿਸ਼ੇਸ਼ ਜਾਂਚ ਟੀਮ ਗਠਿਤ ਕੀਤੀ ਗਈ ਏ .BYTE:

ਉਧਰ ਹੁਸ਼ਿਆਰਪੁਰ ਵਿਚ ਸਾਬਕਾ ਲੈਫ਼ਟੀਨੈਂਟ ਜਨਰਲ J S ਢਿੱਲੋਂ ਦੀ ਅਗਵਾਈ ਵਿਚ ਸਾਬਕਾ ਫੌਜੀਆਂ ਵਲੋਂ ਇਥੋਂ ਦੇ ਸੰਸਦ ਮੈਂਬਰ ਡਾਕਟਰ ਰਾਜ ਕੁਮਾਰ ਨੂੰ ਇੱਕ ਮੰਗ ਪੱਤਰ ਸੌਂਪ ਕੇ ਸੰਬੰਧਿਤ ਪੁਲਿਸ ਅਧਿਕਾਰੀਆਂ ਖਿਲਾਫ ਤੁਰੰਤ ਕਾਰਵਾਈ ਦੀ ਮੰਗ ਕੀਤੀ  ਗਈ ਏ .ਇਸ ਤੋਂ ਪਹਿਲਾਂ, 20 ਮਾਰਚ ਨੂੰ ਇੱਕ ਮੈਜਿਸਟ੍ਰੇਟ ਜਾਂਚ ਦਾ ਵੀ ਹੁਕਮ ਦਿੱਤਾ ਗਿਆ ਸੀ, ਜਿਸ ਵਿੱਚ ਤਿੰਨ ਹਫ਼ਤਿਆਂ ਦੇ ਅੰਦਰ ਰਿਪੋਰਟ ਪੇਸ਼ ਕੀਤੇ ਜਾਨ ਦੇ ਆਦੇਸ਼ ਕੀਤੇ ਗਏ ਸਨ । ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਨੇ ਵੀ ਇਸ ਘਟਨਾ ਦਾ ਖੁਦ ਨੋਟਿਸ ਲਿਆ ਸੀ ਅਤੇ ਪਟਿਆਲਾ ਪੁਲਿਸ ਅਧਿਕਾਰੀਆਂ ਤੋਂ ਰਿਪੋਰਟ ਮੰਗੀ ਸੀ। ਇਹ ਮਾਮਲਾ 24 ਅਪ੍ਰੈਲ ਨੂੰ ਸੂਚੀਬੱਧ ਕੀਤਾ ਗਿਆ ਏ ।

---------------------------------------------------------------------------

ਭਾਰਤੀ ਪੁਲਾੜ ਖੋਜ ਸੰਗਠਨ (ਇਸਰੋ) ਦੇ ਚੇਅਰਮੈਨ, ਡਾ. ਵੀ. ਨਾਰਾਇਣਨ ਨੇ ਕਿਹਾ ਕਿ ਸੰਗਠਨ ਇੱਕ ਭਾਰਤੀ ਨੂੰ ਚੰਦਰਮਾ 'ਤੇ ਲਿਜਾਣ ਅਤੇ ਉਸਨੂੰ ਸੁਰੱਖਿਅਤ ਵਾਪਸ ਲਿਆਉਣ ਦੇ ਮਿਸ਼ਨ 'ਤੇ ਕੰਮ ਕਰ ਰਿਹਾ ਏ । ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਨੇ ਇਸ ਮਿਸ਼ਨ 'ਤੇ ਕੰਮ ਕਰਨ ਲਈ ਦਿਸ਼ਾ-ਨਿਰਦੇਸ਼ ਦਿੱਤੇ ਨੇ ਅਤੇ ਇਸਰੋ 2040 ਤੱਕ  ਇਸ ਕੰਮ ਨੂੰ ਪੂਰਾ ਕਰੇਗਾ। ਉਨ੍ਹਾਂ ਕਿਹਾ ਕਿ 2030 ਤੱਕ ਭਾਰਤ ਦਾ ਆਪਣਾ ਪੁਲਾੜ ਸਟੇਸ਼ਨ ਹੋਵੇਗਾ। ਉਹ ਕੱਲ੍ਹ

ਜਲੰਧਰ ਨੇੜੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ 8ਵੀਂ ਵਿਦਿਆਰਥੀ ਸੰਸਦ ਮੌਕੇ ਮੁੱਖ ਬੁਲਾਰੇ ਵਜੋਂ ਬੋਲ ਰਹੇ ਸਨ। ਪੇਸ਼ ਏ ਇਕ ਰਿਪੋਰਟ:

------------------------------------------------------------------------

ਵਿਧਾਨ ਸਭਾ ਦੀ ਕਾਰਵਾਈ ਨੂੰ ਸੰਕੇਤਕ ਭਾਸ਼ਾ ਵਿੱਚ ਪ੍ਰਸਾਰਿਤ ਕਰਨ ਵਾਲਾ ਪੰਜਾਬ ਪਹਿਲਾ ਰਾਜ ਬਣ ਗਿਆ ਏ .. ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਕਲ੍ਹ ਸ਼ੁਰੂ ਹੋਏ 16ਵੇਂ ਪੰਜਾਬ ਵਿਧਾਨ ਸਭਾ ਸੈਸ਼ਨ ਦੌਰਾਨ , ਪੰਜਾਬ ਦੇ ਰਾਜਪਾਲ ਦੇ ਭਾਸ਼ਣ ਨੂੰ ਸੰਕੇਤਕ ਭਾਸ਼ਾ ਵਿੱਚ ਸਫਲਤਾਪੂਰਵਕ ਪ੍ਰਸਾਰਿਤ ਕੀਤਾ ਗਿਆ। ਉਨ੍ਹਾਂ ਅੱਗੇ ਦੱਸਿਆ ਕਿ ਇਹ ਕਦਮ ਇਹ ਯਕੀਨੀ ਬਣਾਏਗਾ ਕਿ ਜੋ ਵਿਅਕਤੀ ਬੋਲਣ ਅਤੇ ਸੁਣਨ ਤੋਂ ਅਸਮਰੱਥ ਨੇ , ਉਹ ਸਰਕਾਰੀ ਨੀਤੀਆਂ ਅਤੇ ਵਿਧਾਨਕ ਚਰਚਾਵਾਂ ਬਾਰੇ ਜਾਣੂ ਹੋ ਸਕਣ।

------------------------------------------------------------------------

- ਅੱਜ 'ਵਿਸ਼ਵ ਪਾਣੀ ਦਿਵਸ' ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਪਾਣੀ ਸਭਿਅਤਾਵਾਂ ਦੀ ਜੀਵਨ ਰੇਖਾ ਰਿਹਾ ਏ
- ਕੇਂਦਰੀ ਜਲ ਸ਼ਕਤੀ ਮੰਤਰੀ ਸੀ. ਆਰ. ਪਾਟਿਲ ਨੇ ਹਰਿਆਣਾ ਵਿਚ

ਦੇਸ਼ ਵਿਆਪੀ ਜਲ ਸ਼ਕਤੀ ਅਭਿਆਨঃ ਕੈਚ ਦ ਰੇਨ-2025 ਦੀ ਸ਼ੁਰੂਆਤ ਕੀਤੀ ।

•□ਪਟਿਆਲਾ ਵਿਚ ਫੌਜੀ ਅਧਿਕਾਰੀ ਨਾਲ ਬਦਸਲੂਕੀ ਦਾ ਮਾਮਲਾ ਵਿਧਾਨ ਸਭ ਵਿਚ ਵੀ ਗੂੰਜਿਆ :-□ਸਰਕਾਰ ਵਲੋਂ ADGP□ ਰੈਂਕ ਅਧਿਕਾਰੀ ਦੀ ਅਗਵਾਈ ਵਿਚ ਇੱਕ ਵਿਸ਼ੇਸ਼ ਜਾਂਚ ਟੀਮ ਗਠਿਤ

•□ਭਾਰਤੀ ਪੁਲਾੜ ਖੋਜ ਸੰਗਠਨ ਸਾਲ□–2040□ਤੱਕ□ ਭਾਰਤੀ□ ਨੂੰ ਚੰਦਰਮਾ ਤੇ ਭੇਜੇਗਾ ਅਤੇ 2035 □□ਤੱਕ ਆਪਣਾ ਪੁਲਾੜ ਸਟੇਸ਼ਨ ਸਥਾਪਤ ਕਰੇਗਾ